27-Nov-FZR-ABH-Pages.qxd 11/27/2025 10:01 PM Page 3

ਸਟਾਫ਼ ਵੈਲਫੇਅਰ ਐਸੋਸੀਏਸ਼ਨ ਵਲੋਂ ਐੱਸ.ਬੀ.ਐੱਸ ਸਟੇਟ ਯੂਨੀਵਰਸਿਟੀ ਪ੍ਰਸ਼ਾਸਨ ਖ਼ਿਲਾਫ਼ ਰੋਸ ਪ੍ਰਦਰਸ਼ਨ-ਪ੍ਰਸ਼ਾਸਨਿਕ ਅਧਿਕਾਰੀਆਂ ਦਾ ਫੂਕਿਆ ਪੁਤਲਾ

ਫ਼ਿਰੋਜ਼ਪੁਰ, 27 ਨਵੰਬਰ (ਗੁਰਿੰਦਰ ਸਿੰਘ)-ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ, ਫ਼ਿਰੋਜ਼ਪੁਰ ਦੇ ਗੈਰ-ਅਧਿਆਪਕ ਅਤੇ ਅਧਿਆਪਕ (ਡਿਪਲੋਮਾ ਵਿੰਗ) ਵਲੋਂ ਰੀਵਾਈਜ਼ਡ ਪੇ-ਸਕੇਲਾਂ ਦਾ ਬਕਾਇਆ ਜਾਰੀ ਨਾ ਕਰਨ ਦੇ ਰੋਸ ਵਜੋਂ ਅੱਜ ਯੂਨੀਵਰਸਿਟੀ ਪ੍ਰਸ਼ਾਸਨ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਸੰਸਥਾ ਦੇ ਮੁੱਖ ਗੇਟ 'ਤੇ ਰਜਿਸਟਰਾਰ, ਵਿੱਤ ਅਫ਼ਸਰ ਅਤੇ ਡਿਪਟੀ ਰਜਿਸਟਰਾਰ (ਲੇਖਾ) ਦਾ ਪੁਤਲਾ ਫੂਕਿਆ ਗਿਆ। ਸਟਾਫ਼ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਜਗਮੀਤ ਸਿੰਘ, ਸਕੱਤਰ ਮਦਨ ਓਨੀਆਲ, ਮੀਤ ਪ੍ਰਧਾਨ ਬਲਵਿੰਦਰ ਸਿੰਘ, ਪ੍ਰੈੱਸ ਸਕੱਤਰ ਜਗਦੀਪ ਸਿੰਘ ਮਾਂਗਟ ਨੇ ਦੱਸਿਆ ਕਿ ਯੂਨੀਵਰਸਿਟੀ ਪ੍ਰਸ਼ਾਸਨ ਵਲੋਂ ਪਿਛਲੇ ਲੰਮੇ ਸਮੇਂ ਤੋਂ ਲਾਰੇ ਲਾਉਣ ਬਾਅਦ ਵੀ ਅੱਜ ਤੱਕ ਰੀਵਾਈਜ਼ਡ ਪੇ-ਸਕੇਲਾਂ ਦਾ 01-07-21 ਤੋਂ 30-09-22 ਤੱਕ ਦੀਆਂ ਤਨਖ਼ਾਹਾਂ ਦਾ ਬਕਾਇਆ ਜਾਰੀ ਨਹੀਂ ਕੀਤਾ ਗਿਆ। ਆਗੂਆਂ ਦੱਸਿਆ ਕਿ ਯੂਨੀਵਰਸਿਟੀ ਕੋਲ ਫ਼ੰਡਾਂ ਦੀ ਕੋਈ ਘਾਟ ਨਹੀਂ ਹੈ ਅਤੇ ਪੰਜਾਬ ਸਰਕਾਰ ਵੀ ਸਮੇਂ-ਸਮੇਂ ਸਿਰ ਗ੍ਰਾਂਟ-ਇਨ-ਏਡ ਜਾਰੀ ਕਰ ਰਹੀ ਹੈ ਪਰ ਯੂਨੀਵਰਸਿਟੀ ਪ੍ਰਸ਼ਾਸਨ ਵਲੋਂ ਇਹ ਬਕਾਇਆ ਜਾਣ-ਬੁੱਝ ਕੇ ਰੋਕਿਆ ਹੋਇਆ ਹੈ। ਆਗੂਆਂ ਦੱਸਿਆ ਕਿ ਇਸ ਪੁਤਲਾ ਫੂਕ ਪ੍ਰਦਰਸ਼ਨ ਅਤੇ ਰੋਸ ਮੁਜ਼ਾਹਰੇ ਵਿਚ ਗੈਰ-ਅਧਿਆਪਕ ਸਾਥੀਆਂ ਦੇ ਨਾਲ ਸੰਸਥਾ ਦੇ ਡਿਪਲੋਮਾ ਵਿੰਗ ਦੇ ਅਧਿਆਪਕ ਸਾਥੀਆਂ ਨੇ ਵੀ ਸ਼ਮੂਲੀਅਤ ਕੀਤੀ ਜਿਸ ਵਿਚ ਐਸੋਸੀਏਸ਼ਨ ਦੇ ਸਾਰੇ ਆਗੂਆਂ ਤੋਂ ਇਲਾਵਾ ਨੰਦ ਲਾਲ, ਰਾਮ ਕੁਮਾਰ ਚੋਪੜਾ (ਰਿਟਾਇਰਡ), ਅਵਤਾਰ ਸਿੰਘ ਕੈਂਥ, ਯਸ਼ਪਾਲ, ਗੁਰਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਮਨਪ੍ਰੀਤ ਸਿੰਘ, ਅਨੁਰਾਧਾ ਰਾਣੀ, ਜਸਪਾਲ ਕੌਰ, ਸੁਖਜਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ। ਜਥੇਬੰਦੀ ਆਗੂਆਂ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇ ਤੁਰੰਤ ਬਕਾਇਆ ਜਾਰੀ ਨਾ ਕੀਤਾ ਗਿਆ ਤਾਂ 27 ਨਵੰਬਰ ਨੂੰ ਜ਼ਿਲ੍ਹਾ -ਪੱਧਰ ਦੀਆਂ ਜਥੇਬੰਦੀਆਂ ਨੂੰ ਨਾਲ ਲੈ ਕੇ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

ਯੂਨੀਵਰਸਿਟੀ ਪ੍ਰਸ਼ਾਸਨ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਦੇ ਅਤੇ ਅਧਿਕਾਰੀਆਂ ਦਾ ਪੁਤਲਾ ਫੂਕਦੇ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਦੇ ਸਟਾਫ਼ ਵੈੱਲਫੇਅਰ ਐਸੋਸੀਏਸ਼ਨ ਦੇ ਆਗੂ। ਅਜੀਤ ਤਸਵੀਰ

ਜ਼ੀਰਾ ਵਿਖੇ ਜੁਗਾੜੂ ਰੇੜੀਆਂ ਵਾਲੇ ਟਰੈਫ਼ਿਕ ਪੁਲਿਸ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ। ਤਸਵੀਰ-ਪ੍ਰਤਾਪ ਸਿੰਘ ਜ਼ੀਰਾ

ਜੁਗਾੜੂ ਰੇੜੀਆਂ ਵਾਲਿਆਂ ਨੇ ਪੁਲਿਸ ਦੀ ਸਖ਼ਤੀ ਕਾਰਨ ਕੀਤਾ ਇਕੱਠ

ਜ਼ੀਰਾ, 27 ਨਵੰਬਰ (ਪ੍ਰਤਾਪ ਸਿੰਘ ਹੀਰਾ, ਹਰਜੀਤ ਸਿੰਘ ਗਿੱਲ)-ਪੰਜਾਬ ਵਿਚ ਚੱਲਦੀਆਂ ਜੁਗਾੜੂ ਰੇੜੀਆਂ ਖ਼ਿਲਾਫ਼ ਟਰੈਫ਼ਿਕ ਪੁਲਿਸ ਦੀ ਸਖ਼ਤੀ ਕਾਰਨ ਰੇੜੀਆਂ ਵਾਲਿਆਂ ਵਲੋਂ ਦਾਨਾ ਮੰਡੀ ਜ਼ੀਰਾ ਵਿਖੇ ਇਕ ਵਿਸ਼ਾਲ ਇਕੱਠ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਪ੍ਰਧਾਨ ਕਾਲਾ ਚੌਧਰੀ, ਜਗਤਾਰ ਸਿੰਘ ਜ਼ੀਰਾ, ਸੁੱਖਾ ਸਿੰਘ, ਸਲੀਮ, ਹਰਜਿੰਦਰ ਸਿੰਘ ਨੇ ਦੱਸਿਆ ਕਿ ਜ਼ੀਰਾ ਇਲਾਕੇ ਵਿਚ 500 ਦੇ ਕਰੀਬ ਜੁਗਾੜੂ ਰੇੜੀਆਂ ਚਲਾ ਕੇ ਗਰੀਬ ਲੋਕ ਆਪਣੀ ਰੋਟੀ ਰੋਜ਼ੀ ਦਾ ਵਸੀਲਾ ਕਰ ਰਹੇ ਹਨ ਪਰ ਪਿਛਲੇ ਕੁੱਝ ਦਿਨਾਂ ਤੋਂ ਟਰੈਫ਼ਿਕ ਪੁਲਿਸ ਵਿਭਾਗ ਵਲੋਂ ਉਨ੍ਹਾਂ ਦੀਆਂ ਰੇੜੀਆਂ ਨੂੰ ਥਾਣਿਆਂ ਵਿਚ ਬੰਦ ਕੀਤਾ ਜਾ ਰਿਹਾ ਹੈ ਜੋ ਗ਼ਰੀਬ ਲੋਕਾਂ ਨਾਲ ਸਰਾਸਰ ਧੱਕਾ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਆਪਣੀਆਂ ਇਹ ਸਮੱਸਿਆ ਪ੍ਰਤੀ ਹਲਕਾ ਵਿਧਾਇਕ ਨਰੇਸ਼ ਕਟਾਰੀਆ ਨੂੰ ਵੀ ਜਾਣੂ ਕਰਵਾਇਆ ਹੈ। ਇਸ ਮੌਕੇ ਧਰਨੇ ਵਿਚ ਮਨਦੀਪ ਸਿੰਘ, ਦਰਸ਼ਨ ਸਿੰਘ ਮੱਲੋਕੇ, ਬਲਵੀਰ ਸਿੰਘ, ਜੋਗਿੰਦਰ ਸਿੰਘ, ਨਛੱਤਰ ਸਿੰਘ, ਸ਼ਾਮ ਸੁੰਦਰ, ਬੂਟਾ ਸਿੰਘ, ਤੋਤਾ ਸਿੰਘ, ਸੰਦੀਪ ਸਿੰਘ ਗਾਦੜੀ ਵਾਲਾ, ਬਲਵੰਤ ਸਿੰਘ ਸੁੱਖੇ ਵਾਲਾ, ਕੁਲਦੀਪ ਸਿੰਘ, ਕਾਲਾ ਸਿੰਘ, ਰਾਮਪਾਲ ਸਿੰਘ, ਚੰਦਰ ਕਾਂਤ, ਜੋਗਿੰਦਰ ਸਿੰਘ ਆਦਿ ਵਲੋਂ ਨੇ ਟਰੈਫ਼ਿਕ ਪੁਲਿਸ ਵਿਭਾਗ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਜਦੋਂ ਇਸ ਸਬੰਧੀ ਟਰੈਫ਼ਿਕ ਪੁਲਿਸ ਦੇ ਇੰਚਾਰਜ ਸਵਰਨ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਇਹ ਕਾਰਵਾਈ ਮਾਨਯੋਗ ਹਾਈਕੋਰਟ ਦੇ ਹੁਕਮਾਂ 'ਤੇ ਕੀਤੀ ਜਾ ਰਹੀ ਹੈ ਕਿਉਂਕਿ ਵੱਖ-ਵੱਖ ਯੂਨੀਅਨਾਂ ਵਲੋਂ ਹਾਈ ਕੋਰਟ ਵਿਚ ਇਹਨਾਂ ਜੁਗਾੜੂ ਰੇੜੀਆਂ ਖ਼ਿਲਾਫ਼ ਰਿੱਟ ਪਾਈ ਗਈ ਸੀ।

ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਗਜ਼ਟਿਡ ਛੁੱਟੀ ਕਰਨਾ ਸ਼ਲਾਘਾਯੋਗ-ਹਰਜਿੰਦਰ ਹਾਂਡਾ

ਪੰਜੇ ਕੇ ਉਤਾੜ, 27 ਨਵੰਬਰ (ਪੱਪੂ ਸੰਧਾ)-ਪੰਜਾਬ ਸਰਕਾਰ ਦੇ ਪਰਸੋਨਲ ਵਿਭਾਗ ਵਲੋਂ ਸਾਲ 2026 ਦੀਆਂ ਗਜ਼ਟਿਡ ਛੁੱਟੀਆਂ ਲਈ ਜਾਰੀ ਕੀਤੇ ਕਲੰਡਰ ਵਿਚ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ 31 ਜੁਲਾਈ ਨੂੰ ਪੰਜਾਬ ਵਿਚ ਗਜ਼ਟਿਡ ਛੁੱਟੀ ਐਲਾਨਣ ਦੇ ਫ਼ੈਸਲੇ ਉੱਤੇ ਇੰਟਰਨੈਸ਼ਨਲ ਸਰਵ ਕੰਬੋਜ ਮਹਾਂਸਭਾ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਹੈ। ਇਸ ਸਬੰਧੀ ਬਿਆਨ ਜਾਰੀ ਕਰਦਿਆਂ ਕੰਬੋਜ ਇੰਪਲਾਈਜ਼ ਅਤੇ ਕੰਬੋਜ ਪੈਨਸ਼ਨਰਜ਼ ਦੀ ਇੰਟਰਨੈਸ਼ਨਲ ਪੱਧਰ ਦੀ ਜਥੇਬੰਦੀ ਇੰਟਰਨੈਸ਼ਨਲ ਸਰਵ ਕੰਬੋਜ ਮਹਾਂਸਭਾ ਦੇ ਕੌਮੀ ਪ੍ਰਧਾਨ ਹਰਜਿੰਦਰ ਹਾਂਡਾ ਨੇ ਕਿਹਾ ਕਿ ਸਾਲ 2026 ਦੇ ਕਲੰਡਰ ਦੀਆਂ ਗਜ਼ਟਿਡ ਛੁੱਟੀਆਂ ਵਿਚ 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਗਜ਼ਟਿਡ ਛੁੱਟੀ ਕਰਕੇ ਪੰਜਾਬ ਸਰਕਾਰ ਨੇ ਇੰਟਰਨੈਸ਼ਨਲ ਸਰਵ ਕੰਬੋਜ ਮਹਾਂਸਭਾ ਅਤੇ ਕੰਬੋਜ ਭਾਈਚਾਰੇ ਦੀ ਅਹਿਮ ਮੰਗ ਨੂੰ ਪੂਰਾ ਕੀਤਾ ਹੈ। ਇੰਟਰਨੈਸ਼ਨਲ ਸਰਵ ਕੰਬੋਜ ਮਹਾਂਸਭਾ ਦੇ ਕੌਮੀ ਪ੍ਰਧਾਨ ਹਰਜਿੰਦਰ ਹਾਂਡਾ ਨੇ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਕਿ ਬਰਤਾਨਵੀ ਸਰਕਾਰ ਕੋਲ ਸ਼ਹੀਦ ਊਧਮ ਸਿੰਘ ਜੀ ਦੀਆਂ ਪਈਆਂ ਨਿਸ਼ਾਨੀਆਂ ਜਿਵੇਂ ਸ਼ਹੀਦ ਊਧਮ ਸਿੰਘ ਦੀ ਪਰਸਨਲ ਡਾਇਰੀ, ਉਹਨਾਂ ਦਾ ਰਿਵਾਲਵਰ ਅਤੇ ਉਹਨਾਂ ਦੇ ਕੱਪੜਿਆਂ ਨੂੰ ਵੀ ਭਾਰਤ ਵਿਚ ਪੰਜਾਬ ਮੰਗਵਾਇਆ ਜਾਵੇ ਅਤੇ ਇਹਨਾਂ ਨਿਸ਼ਾਨੀਆਂ ਨੂੰ ਜਲ੍ਹਿਆਂਵਾਲੇ ਬਾਗ਼ ਵਿਚ ਸੁਸ਼ੋਭਿਤ ਕੀਤਾ ਜਾਵੇ। ਹਰਜਿੰਦਰ ਹਾਂਡਾ ਨੇ ਕਿਹਾ ਕਿ ਜ਼ਿਲ੍ਹਾ ਸੰਗਰੂਰ ਸ਼ਹੀਦ ਊਧਮ ਸਿੰਘ ਦਾ ਜੱਦੀ ਜ਼ਿਲ੍ਹਾ ਹੈ ਅਤੇ ਜਿਸ ਤਰ੍ਹਾਂ ਪੰਜਾਬ ਦੇ ਹੋਰ ਕਈ ਜ਼ਿਲਿਆਂ ਦੇ ਨਾਮ ਸ਼ਹੀਦਾਂ ਦੇ ਨਾਮ ਉੱਤੇ ਰੱਖੇ ਹੋਏ ਹਨ, ਉਸੇ ਤਰ੍ਹਾਂ ਹੀ ਸੰਗਰੂਰ ਜ਼ਿਲ੍ਹੇ ਦਾ ਨਾਮ ਵੀ ਊਧਮ ਸਿੰਘ ਦੇ ਨਾਮ ਉੱਤੇ ਰੱਖਿਆ ਜਾਵੇ। ਇਸ ਮੌਕੇ ਉਹਨਾਂ ਨਾਲ ਹੋਰਨਾਂ ਤੋਂ ਇਲਾਵਾ ਕੌਮੀ ਜਨਰਲ ਸਕੱਤਰ ਲੈਕਚਰਾਰ ਆਸ਼ੂਤੋਸ਼ ਕੰਬੋਜ, ਮਾਸਟਰ ਕ੍ਰਾਂਤੀ ਕੰਬੋਜ, ਪ੍ਰਿੰਸੀਪਲ ਓਮ ਪ੍ਰਕਾਸ਼ ਬੱਟੀ, ਪ੍ਰਿੰਸੀਪਲ ਕੁਲਦੀਪ ਸਿੰਘ ਸੰਧਾ, ਡਾ. ਹਰੀਸ਼ ਥਿੰਦ, ਸੁਭਾਸ਼ ਥਿੰਦ ਮੋਹਾਲੀ, ਜਗਮੋਹਨ ਥਿੰਦ ਕਪੂਰਥਲਾ, ਬੇਅੰਤ ਕੰਬੋਜ ਜਲੰਧਰ, ਲੈਕਚਰਾਰ ਰਾਜਿੰਦਰ ਕੰਬੋਜ ਅਬੋਹਰ, ਅਮਰੀਕ ਸਿੰਘ ਸ਼ ਅੰਮ੍ਰਿਤਸਰ ਸਾਹਿਬ, ਲੈਕਚਰਾਰ ਮਲਕੀਤ ਜੋਸਨ ਫਿਰੋਜ਼ਪੁਰ, ਜਸਵੰਤ ਸੇਖੜਾ, ਪ੍ਰਿੰਸੀਪਲ ਸਤੀਸ਼ ਕੰਬੋਜ, ਜਸਵਿੰਦਰ ਸਿੰਘ ਜੀਵਾਂ ਅਰਾਈਂ, ਓਮ ਪ੍ਰਕਾਸ਼ ਡਾਜ਼ਿਲਕਾ, ਕੇਵਲ ਕੰਬੋਜ ਕਾਨੂੰਗੋ ਆਦਿ ਹਾਜ਼ਰ ਸਨ।

ਮੀਟਿੰਗ ਕਰਨ ਤੋਂ ਬਾਅਦ ਜਾਣਕਾਰੀ ਦਿੰਦੇ ਹੋਏ ਯੂਨੀਅਨ ਦੇ ਆਗੂ। ਅਜੀਤ ਤਸਵੀਰ

ਸਟਾਫ਼ ਨਰਸਾਂ ਦੀਆਂ ਮੰਗਾਂ 'ਤੇ ਵੱਡਾ ਫ਼ੈਸਲਾ-ਪ੍ਰਮੁੱਖ ਸਕੱਤਰ ਸਿਹਤ ਨੇ 2 ਦਸੰਬਰ ਨੂੰ ਮੀਟਿੰਗ ਦਾ ਦਿੱਤਾ ਭਰੋਸਾ

ਫ਼ਿਰੋਜ਼ਪੁਰ, 27 ਨਵੰਬਰ (ਰਾਕੇਸ਼ ਚਾਵਲਾ)-ਸਟਾਫ਼ ਨਰਸਿਸ ਵੈੱਲਫੇਅਰ ਐਸੋਸੀਏਸ਼ਨ ਆਫ਼ ਪੰਜਾਬ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦੇ ਸਬੰਧ ਵਿਚ ਅੱਜ ਦਫ਼ਤਰ ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ ਵਿਖੇ ਇਕ ਅਹਿਮ ਮੀਟਿੰਗ ਹੋਈ। ਮਾਨਯੋਗ ਪ੍ਰਮੁੱਖ ਸਕੱਤਰ, ਸਿਹਤ ਵਿਭਾਗ, ਕੁਮਾਰ ਰਾਹੁਲ ਅਤੇ ਡਾਇਰੈਕਟਰ ਡਾ. ਹਿੱਤ ਇੰਦਰ ਕੌਰ ਦੀ ਹਾਜ਼ਰੀ ਵਿਚ ਇਹ ਮੀਟਿੰਗ ਸੂਬਾ ਪ੍ਰਧਾਨ ਕੁਲਵਿੰਦਰ ਕੌਰ ਕੰਵਲ ਦੀ ਅਗਵਾਈ ਹੇਠ ਹੋਈ ਮੀਟਿੰਗ ਵਿਚ ਯੂਨੀਅਨ ਦੇ ਵਾਈਸ ਪ੍ਰਧਾਨ ਸੁਖਜਾਦ ਸਿੰਘ ਵਲੋਂ ਨਰਸਿੰਗ ਕੇਡਰ ਦੇ ਪੇ-ਐਨਾਮਲੀ, ਗ੍ਰੇਡ ਪੇ 4600 ਕਰਨ, ਕੇਂਦਰ ਸਰਕਾਰ ਦੇ ਪੈਟਰਨ 'ਤੇ ਨਰਸਿੰਗ ਅਲਾਊਂਸ, ਬੇਸਿਕ ਤਨਖ਼ਾਹ ਦਾ 10 ਪ੍ਰਤੀਸ਼ਤ ਨੱਨ ਪ੍ਰੈਕਟਿਸ ਅਲਾਊਂਸ ਦੇਣ ਸਮੇਤ ਕਈ ਮੁੱਦੇ ਵਿਸਥਾਰ ਸਹਿਤ ਉਠਾਏ ਗਏ। ਇਸ ਤੋਂ ਇਲਾਵਾ ਨੌਮਨਕਲੇਚਰ ਬਦਲ ਕੇ ਨਰਸਿੰਗ ਅਫ਼ਸਰ ਕਰਨ, 5-10-15 (4-9-14 ਦੀ ਥਾਂ) ਲਾਗੂ ਕਰਨ, ਤਨਖ਼ਾਹ ਸਮੇਤ ਉੱਚ ਸਿੱਖਿਆ ਛੁੱਟੀ ਮਨਜ਼ੂਰ ਕਰਨ ਅਤੇ ਖ਼ਾਲੀ ਪਈਆਂ ਪੋਸਟਾਂ 'ਤੇ ਜਲਦ ਭਰਤੀ ਕਰਨ ਦੀ ਮੰਗ ਵੀ ਕੀਤੀ ਗਈ। ਪ੍ਰਮੁੱਖ ਸਕੱਤਰ ਕੁਮਾਰ ਰਾਹੁਲ ਨੇ ਯੂਨੀਅਨ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀਆਂ ਮੁੱਖ ਮੰਗਾਂ ਸਬੰਧੀ ਪੰਜਾਬ ਸਰਕਾਰ ਨੇ 2 ਦਸੰਬਰ 2025 ਨੂੰ ਇਕ ਅਹਿਮ ਮੀਟਿੰਗ ਰੱਖੀ ਹੈ, ਜਿਸ ਤੋਂ ਬਾਅਦ ਸਰਕਾਰ ਦੇ ਫ਼ੈਸਲੇ ਨੂੰ ਤੁਰੰਤ ਲਾਗੂ ਕੀਤਾ ਜਾਵੇਗਾ। ਇਸ ਦੌਰਾਨ ਡਾਇਰੈਕਟਰ ਡਾ. ਹਿੱਤ ਇੰਦਰ ਕੌਰ ਨੇ ਸਪਸ਼ਟ ਕੀਤਾ ਕਿ ਫਾਰਮਾਸਿਸਟਾਂ ਦੇ ਟੀਕਾਕਰਨ ਸਬੰਧੀ ਸੋਸ਼ਲ ਮੀਡੀਆ 'ਤੇ ਘੁੰਮ ਰਹੀ ਚਿੱਠੀ ਫ਼ਰਜ਼ੀ ਹੈ ਅਤੇ ਵਿਭਾਗ ਜਲਦ ਹੀ ਇਸ ਸਬੰਧੀ ਸਰਕੁਲਰ ਜਾਰੀ ਕਰੇਗਾ। ਇਸ ਸਮੇਂ ਯੂਨੀਅਨ ਦੇ ਪ੍ਰਧਾਨ ਕੁਲਵਿੰਦਰ ਕੌਰ ਕੰਵਲ ਤੋਂ ਇਲਾਵਾ ਵਾਈਸ ਪ੍ਰਧਾਨ ਸੁਖਜਾਦ ਸਿੰਘ, ਸੁਖਵਿੰਦਰ ਕੌਰ ਮੋਹਾਲੀ, ਮੰਜੂ ਮਹਾਜਨ, ਕਾਂਤਾ, ਜਸਵਿੰਦਰ ਸਿੰਘ ਕੰਡਾ, ਗੁਰਮੇਲ ਸਿੰਘ, ਜਗਜੀਤ ਸਿੰਘ, ਭਾਰਤ ਭੂਸ਼ਨ, ਮਲਕੀਤ ਸਿੰਘ, ਬਲਜੀਤ ਕੌਰ, ਬੇਅੰਤ ਕੌਰ, ਰਜੇਸ਼ ਕੁਮਾਰ, ਸੰਦੀਪ ਕੁਮਾਰ, ਸੁਰਿੰਦਰ ਸਿੰਘ, ਕਮਲਜੀਤ ਕੌਰ ਧਾਲੀਵਾਲ, ਉਪਕਾਰ ਕੌਰ, ਰਾਣੀ, ਜਾਫ਼ਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਵੱਖ-ਵੱਖ ਜ਼ਿਲ੍ਹਿਆਂ ਤੋਂ ਨਰਸਿੰਗ ਸਟਾਫ਼ ਹਾਜ਼ਰ ਸੀ।

ਸਟਾਫ਼ ਨਰਸਿਸ ਵੈੱਲਫੇਅਰ ਐਸੋਸੀਏਸ਼ਨ ਆਫ਼ ਪੰਜਾਬ ਦੇ ਮੁਲਾਜ਼ਮ ਮੀਟਿੰਗ ਕਰਦੇ ਹੋਏ। ਅਜੀਤ ਤਸਵੀਰ

ਬਲੱਡ ਬੈਂਕ ਦੀ ਅਗਵਾਈ ਵਿਚ ਲੱਗੇ ਖ਼ੂਨਦਾਨ ਕੈਂਪ ਦੌਰਾਨ ਖ਼ੂਨ ਦਾਨੀਆਂ ਨੂੰ ਸਨਮਾਨਿਤ ਕਰਨ ਸਮੇਂ ਸਿਹਤ ਵਿਭਾਗ ਦੇ ਅਧਿਕਾਰੀ ਅਤੇ ਸਕੂਲ ਪ੍ਰਿੰਸੀਪਲ ਅਤੇ ਹੋਰ। ਅਜੀਤ ਤਸਵੀਰ

ਸੇਂਟ ਜੋਸਫ ਕਾਨਵੈਂਟ ਸਕੂਲ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ-43 ਖ਼ੂਨ ਦਾਨੀਆਂ ਨੂੰ ਕੀਤਾ ਸਨਮਾਨਿਤ

ਫ਼ਿਰੋਜ਼ਪੁਰ, 27 ਨਵੰਬਰ (ਰਾਕੇਸ਼ ਚਾਵਲਾ)-ਬੀਤੇ ਦਿਨ ਸਿਵਲ ਹਸਪਤਾਲ ਫ਼ਿਰੋਜ਼ਪੁਰ ਦੀ ਬਲੱਡ ਬੈਂਕ ਟੀਮ ਦੀ ਅਗਵਾਈ ਵਿਚ ਸੇਂਟ ਜੋਸਫ ਕਾਨਵੈਂਟ ਸਕੂਲ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਦੇ ਨਾਲ ਸਕੂਲ ਦੇ ਸਾਲਾਨਾ ਥੀਮ "ਉਮੀਦ ਦੀ ਕਿਰਨ" ਦੇ ਤਹਿਤ ਪ੍ਰਿੰਸੀਪਲ ਸਿਸਟਰ ਰੋਜ਼ਮੀ ਅਤੇ ਸਟਾਫ਼ ਵਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਜ਼ਿਲ੍ਹਾ ਸਿਵਲ ਹਸਪਤਾਲ ਟੀਮ ਦੀ ਅਗਵਾਈ ਮੈਡੀਕਲ ਅਫ਼ਸਰ ਡਾ. ਰਾਜਦੀਪ ਕੌਰ ਅਤੇ ਟੈਕਨੀਕਲ ਸੁਪਰਵਾਈਜ਼ਰ ਭੁਪੇਸ਼ ਚੋਪੜਾ ਵਲੋਂ ਕੀਤੀ ਗਈ ਅਤੇ ਸਟਾਫ਼ ਵਲੋਂ ਖ਼ੂਨਦਾਨ ਦੀ ਪ੍ਰਕਿਰਿਆ ਬੜੀ ਸੁਚੱਜੀ ਅਤੇ ਸੁਰੱਖਿਅਤ ਤਰੀਕੇ ਨਾਲ ਪੂਰੀ ਕੀਤੀ ਗਈ। ਖ਼ੂਨਦਾਨ ਕੈਂਪ ਵਿਚ ਮਾਪਿਆਂ, ਸਵੈ-ਸੇਵੀ, ਅਧਿਆਪਕਾਂ ਅਤੇ ਸਕੂਲ ਦੇ ਸਟਾਫ਼ ਮੈਂਬਰਾਂ ਵਲੋਂ ਵੱਡੇ ਉਤਸ਼ਾਹ ਨਾਲ ਹਿੱਸਾ ਲਿਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਕੁੱਲ 43 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ ਜੋ ਸਮਾਜ ਅਤੇ ਸਿਹਤ ਸੇਵਾਵਾਂ ਲਈ ਇਕ ਮਹੱਤਵਪੂਰਨ ਯੋਗਦਾਨ ਹੈ। ਇਸ ਦੇ ਨਾਲ ਖ਼ੂਨ ਦਾਨ ਕਰਨ ਵਾਲਿਆਂ ਨੂੰ ਸਰਟੀਫਿਕੇਟ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸਕੂਲ ਦਾ ਸਟਾਫ਼ ਅਤੇ ਬੱਚਿਆਂ ਦੇ ਮਾਤਾ ਪਿਤਾ ਹਾਜ਼ਰ ਸਨ।

ਸਰਬ ਹਿਤਕਾਰੀ ਵਿੱਦਿਆ ਸੇਵਾ ਭਾਰਤੀ ਸੰਸਥਾ ਵਲੋਂ ਮਨਾਏ ਗਏ ਸ਼ਹੀਦੀ ਦਿਹਾੜਾ ਸਮਾਗਮ ਦੌਰਾਨ ਕੀਰਤਨ ਕਰਦਾ ਰਾਗੀ ਜਥਾ ਅਤੇ ਸੰਗਤਾਂ ਦਾ ਇਕੱਠ। ਤਸਵੀਰ-ਪ੍ਰਤਾਪ ਸਿੰਘ ਹੀਰਾ

ਸੇਵਾ ਭਾਰਤੀ ਵਲੋਂ 350ਵਾਂ ਸ਼ਹੀਦੀ ਦਿਹਾੜਾ ਮਨਾਇਆ

ਜ਼ੀਰਾ, 27 ਨਵੰਬਰ (ਪ੍ਰਤਾਪ ਸਿੰਘ ਹੀਰਾ)-ਸੇਵਾ ਭਾਰਤੀ ਸੰਸਥਾ ਜ਼ੀਰਾ ਵਲੋਂ ਸ੍ਰੀ ਗੁਰੂ ਤੇਗ਼ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ